# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-07-2024**

- ਸੰਸਦ ਦੇ ਅੱਜ ਸ਼ੁਰੂ ਹੋਏ ਬਜਟ ਇਜਲਾਸ ਵਿਚ ਖਜ਼ਾਨਾ ਮੰਤਰੀ ਵਲੋਂ ਪੇਸ਼ ਆਰਥਿਕ ਸਰਵੇਖਣ ਵਿਚ ਮਾਲੀ ਵਰ੍ਹੇ 2024-25 ਦੌਰਾਨ 6 ਇਸ਼ਾਰਿਆ 5 ਤੋਂ 7 ਫੀਸਦੀ ਦੀ ਅਸਲ ਜੀ ਡੀ ਪੀ ਵਿਕਾਸ ਦਰ ਦਾ ਅਨੁਮਾਨ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਲਕੇ ਪੇਸ਼ ਹੋਣ ਵਾਲਾ ਕੇਂਦਰੀ ਬਜਟ ਅਗਲੇ ਪੰਜ ਸਾਲਾਂ ਦੇ ਸਫ਼ਰ ਦੀ ਦਿਸ਼ਾ ਤੈਅ ਕਰੇਗਾ ਅਤੇ 2047 ਵਿੱਚ ਵਿਕਸਿਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ ਦੀ ਨੀਂਹ ਰੱਖੇਗਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 16ਵੇਂ ਵਿੱਤ ਕਮਿਸ਼ਨ ਦੀ ਟੀਮ ਤੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਏ।

- ਸੌਣ ਮਹੀਨੇ ਦੇ ਅੱਜ ਪਹਿਲੇ ਸੋਮਵਾਰ ਮੌਕੇ ਦੇਸ਼ ਭਰ ਦੇ ਸ਼ਿਵ ਮੰਦਰਾਂ ਵਿਚ ਜਲਾਭਿਸ਼ੇਕ ਲਈ ਸਵੇਰ ਤੋਂ ਹੀ ਲੱਗੀਆਂ ਨੇ ਕਤਾਰਾਂ।

---------------------------------------------------------

ਸੰਸਦ ਦਾ ਬਜਟ ਇਜਲਾਸ ਅੱਜ ਸ਼ੁਰੂ ਹੋ ਗਿਆ ਏ। ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਲੋਕ ਸਭਾ ਵਿੱਚ ਆਰਥਿਕ ਸਰਵੇਖਣ 2023- 24 ਪੇਸ਼ ਕੀਤਾ । ਭਲਕੇ ਉਹ 2024- 25 ਦਾ ਕੇਂਦਰੀ ਬਜਟ ਪੇਸ਼ ਕਰਨਗੇ। ਆਰਥਿਕ ਸਰਵੇਖਣ 2023- 24 ਵਿਚ ਮਾਲੀ ਵਰ੍ਹੇ 2024- 25 ਦੌਰਾਨ 6 ਇਸ਼ਾਰਿਆ 5 ਤੋਂ- 7 ਫੀਸਦੀ ਦੀ ਅਸਲ ਜੀ ਡੀ ਪੀ ਵਿਕਾਸ ਦਰ ਦਾ ਅਨੁਮਾਨ ਲਗਾਇਆ ਗਿਆ ਏ। ਸਰਵੇਖਣ ਅਨੁਸਾਰ ਘਰੇਲੂ ਵਿਕਾਸ ਦੇ ਮਾਣਕਾਂ ਨੇ ਬੇਯਕੀਨੀ ਵਿਸ਼ਵ ਆਰਥਿਕ ਕਾਰਗੁਜ਼ਾਰੀ ਦੇ ਬਾਵਜੂਦ ਮਾਲੀ ਵਰ੍ਹੇ 2023- 24 ਵਿੱਚ ਆਰਥਿਕ ਵਿਕਾਸ ਨੂੰ ਹਮਾਇਤ ਦਿੱਤੀ ਏ। ਸਰਵੇਖਣ ਵਿੱਚ ਦੱਸਿਆ ਗਿਆ ਏ ਕਿ ਮਾਲੀ ਵਰ੍ਹੇ 2024 ਵਿੱਚ ਅਸਲ ਜੀ ਡੀ ਪੀ ਮਾਲੀ ਵਰ੍ਹੇ 2020 ਦੇ ਪੱਧਰ ਨਾਲੋਂ 20 ਫੀਸਦੀ ਵੱਧ ਸੀ ਅਤੇ ਇਹ ਇੱਕ

ਅਜਿਹਾ ਕਾਰਨਾਮਾ ਏ ਜਿਹੜਾ ਸਿਰਫ ਕੁਝ ਵੱਡੀਆਂ ਅਰਥਵਿਵਸਥਾਵਾਂ ਨੇ ਹੀ ਹਾਸਲ ਕੀਤਾ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਲਕੇ ਪੇਸ਼ ਹੋਣ ਵਾਲਾ ਕੇਂਦਰੀ ਬਜਟ ਅਗਲੇ ਪੰਜ ਸਾਲਾਂ ਦੇ ਸਫ਼ਰ ਦੀ ਦਿਸ਼ਾ ਤੈਅ ਕਰੇਗਾ ਅਤੇ 2047 ਵਿੱਚ ਵਿਕਸਿਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ ਦੀ ਨੀਂਹ ਰੱਖੇਗਾ। ਬਜਟ ਇਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਸੰਸਦ ਦੇ ਬਾਹਰ ਮੀਡੀਆ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਲੋਕ ਸਭਾ ਚੋਣਾਂ ਵਿੱਚ ਲੋਕਾਂ ਨੇ ਆਪਣਾ ਫੈਸਲਾ ਦੇ ਦਿੱਤਾ ਏ ਅਤੇ ਹੁਣ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਗਲੇ ਪੰਜ ਸਾਲ ਲਈ ਦੇਸ਼ ਵਾਸਤੇ ਇਕੱਠੇ ਹੋਣਾ ਪਵੇਗਾ।

---------------------------------------------------------------

ਸਰਕਾਰ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਪਿਛਲੇ ਸੱਤ ਸਾਲਾਂ ਵਿੱਚ ਪੇਪਰ ਲੀਕ ਹੋਣ ਦਾ ਕੋਈ ਸਬੂਤ ਨਹੀਂ ਏ ਅਤੇ ਉਹ ਕਥਿਤ NEET UG ਪੇਪਰ ਲੀਕ ਮਾਮਲੇ ਵਿੱਚ ਕੁਝ ਵੀ ਨਹੀਂ ਲੁਕਾ ਰਹੀ ਏ। ਲੋਕ

ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸਵਾਲਾਂ ਦਾ ਜਵਾਬ ਦਿੰਦਿਆਂ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੇ ਕਿਹਾ ਕਿ ਨੈਸ਼ਨਲ ਟੈਸਟਿੰਗ ਏਜੰਸੀ ਨੇ ਆਪਣੇ ਗਠਨ ਤੋਂ ਲੈ ਕੇ ਹੁਣ ਤੱਕ 240 ਪ੍ਰੀਖਿਆਵਾਂ ਕਰਵਾਈਆਂ ਨੇ ਅਤੇ 4 ਕਰੋੜ 50 ਲੱਖ ਤੋਂ ਵੱਧ ਵਿਦਿਆਰਥੀ ਐਨ ਟੀ ਏ ਵਲੋਂ ਕਰਵਾਈਆਂ ਗਈਆਂ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਏ ਨੇ। ਦੇਸ਼ ਵਿੱਚ ਪੇਪਰ ਲੀਕ ਦੀਆਂ ਘਟਨਾਵਾਂ ਵਧਣ ਸੰਬੰਧੀ ਵਿਰੋਧੀ ਪਾਰਟੀਆਂ ਦੇ ਦੋਸ਼ਾਂ ਨੂੰ ਰੱਦ ਕਰਦਿਆਂ ਧਰਮਿੰਦਰ ਪ੍ਰਧਾਨ ਨੇ ਕਿਹਾ ਕਿ ਸੀ ਬੀ ਆਈ ਇਸ ਮਾਮਲੇ ਦੀ ਜਾਂਚ ਕਰ ਰਹੀ ਏ ਅਤੇ ਨੀਟ ਪ੍ਰੀਖਿਆ ਦਾ ਮਾਮਲਾ ਸੁਪਰੀਮ ਕੋਰਟ ਵਿੱਚ ਵਿਚਾਰ ਅਧੀਨ ਏ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਦੌਰੇ 'ਤੇ ਆਈ 16ਵੇਂ ਵਿੱਤ ਕਮਿਸ਼ਨ ਦੀ ਟੀਮ ਤੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਏ। ਕਮਿਸ਼ਨ ਦੇ ਚੇਅਰਮੈਨ ਡਾ: ਅਰਵਿੰਦ ਪਨਗੜੀਆ, ਮੈਂਬਰ ਅਜੈ ਨਰਾਇਣ ਝਾਅ, ਐਨੀ ਜਾਰਜ ਮੈਥਿਊ, ਡਾ: ਮਨੋਜ ਪਾਂਡਾ ਅਤੇ ਡਾ: ਸੌਮਿਆਕਾਂਤੀ ਘੋਸ਼ ਤੋਂ ਇਲਾਵਾ

ਕਮਿਸ਼ਨ ਦੇ ਸਕੱਤਰ ਰਿਤਵਿਕ ਪਾਂਡੇ ਦਾ ਮੁੱਖਮੰਤਰੀ ਨੇ ਨਿੱਘਾ ਸਵਾਗਤ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਨੂੰ ਅਨਾਜ ਪੱਖੋਂ ਆਤਮਨਿਰਭਰ ਬਣਾਉਣ ਵਿਚ ਪੰਜਾਬ ਦੇ ਵਡਮੁੱਲੇ ਯੋਗਦਾਨ ਸਦਕਾ ਪੈਦਾਵਾਰ, ਪ੍ਰਾਪਤੀ ਅਤੇ ਆਜ਼ਾਦੀ ਦੀ ਰੱਖਿਆ ਲਈ ਸੂਬੇ ਨੂੰ ਵਿਸ਼ੇਸ਼ ਆਰਥਿਕ ਪੈਕੇਜ ਦਿੱਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਪਹਿਲਾਂ ਹੀ ਦੁਨੀਆ ਭਰ ਦੇ ਹਰ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾ ਲਈ ਹੈ ਅਤੇ ਇਹ ਪੈਕੇਜ ਸੂਬੇ ਦੇ ਆਰਥਿਕ ਵਿਕਾਸ ਨੂੰ ਹੋਰ ਹੁਲਾਰਾ ਦੇਵੇਗਾ। ਉਨਾਂ ਆਸ ਪ੍ਰਗਟਾਈ ਕਿ ਵਿੱਤ ਕਮਿਸ਼ਨ ਸੂਬਾ ਸਰਕਾਰ ਦੀਆਂ ਹੱਕੀ ਮੰਗਾਂ ਵੱਲ ਹਮਦਰਦੀ ਨਾਲ ਵਿਚਾਰ ਕਰੇਗਾ ਅਤੇ ਪੰਜਾਬ ਨੂੰ ਖੁੱਲ੍ਹੇ ਦਿਲ ਨਾਲ ਫੰਡ ਅਲਾਟ ਕਰੇਗਾ। ਮੁੱਖ ਮੰਤਰੀ ਨੇ ਸੂਬੇ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਵਿੱਤ ਕਮਿਸ਼ਨ ਤੋਂ 1 ਲੱਖ 32 ਹਜ਼ਾਰ 247 ਕਰੋੜ ਰੁਪਏ ਦੇ ਫੰਡ ਦੇਣ ਦੀ ਮੰਗ ਕੀਤੀ ਏ।

---------------------------------------------------------------

ਫਰੀਦਕੋਟ ਵਿਖੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ

ਸੰਧਵਾਂ ਦੀ ਰਹਿਨੁਮਾਈ ਹੇਠ ਗੁੱਡ ਮੌਰਨਿੰਗ ਵੈਲਫੇਅਰ ਕਲੱਬ ਨੇ 'ਮੈਂ ਤੇ ਮੇਰਾ ਰੁੱਖ' ਮੁਹਿੰਮ ਤਹਿਤ ਵੱਖ ਵੱਖ ਕਿਸਮ ਦੇ ਲਾਏ ਜਾ ਰਹੇ ਬੂਟਿਆਂ ਦੀ ਲੜੀ ਵਿੱਚ ਅੱਜ ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਅਤੇ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌ ਵਿਖੇ 51 ਵੱਖ-ਵੱਖ ਕਿਸਮ ਦੇ ਫਲਦਾਰ, ਫੁੱਲਦਾਰ ਅਤੇ ਛਾਂਦਾਰ ਬੂਟੇ ਲਗਾਏ। ਇਸ ਮੌਕੇ ਉਨ੍ਹਾਂ ਕੁਝ ਬੂਟੇ ਬੱਚਿਆਂ ਅਤੇ ਵਿਦਿਆਰਥੀਆਂ ਤੋਂ ਲਵਾ ਕੇ ਉਨਾਂ ਦੀ ਸੰਭਾਲ ਕਰਨ ਦੀ ਅਪੀਲ ਕਰਦਿਆਂ ਰੁੱਖਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕਰੋਨਾ ਵਾਇਰਸ ਦੀ ਕਰੋਪੀ ਦੇ ਸੰਕਟ ਦੌਰਾਨ ਆਕਸੀਜਨ ਦੇ ਸਿਲੰਡਰ ਮਹਿੰਗੀ ਕੀਮਤ 'ਤੇ ਵੀ ਉਪਲਬਧ ਨਹੀਂ ਸਨ, ਕਈ ਲੋਕ ਲੱਖਾਂ-ਕਰੋੜਾਂ ਰੁਪਿਆ ਖਰਚ ਕੇ ਵੀ ਆਕਸੀਜਨ ਦਾ ਸਿਲੰਡਰ ਖਰੀਦਣ ਤੋਂ ਅਸਮਰੱਥ ਰਹੇ, ਜਿਸ ਕਰਕੇ ਉਹਨਾਂ ਨੂੰ ਬਚਾਇਆ ਨਾ ਜਾ ਸਕਿਆ। ਉਨਾਂ ਕਿਹਾ ਕਿ ਜੇਕਰ ਕੁਦਰਤ ਨੇ ਸਾਨੂੰ ਦਰੱਖਤਾਂ ਦੀ ਮਹੱਤਤਾ ਸਮਝਣ ਦਾ ਹਲੂਣਾ ਦਿੱਤਾ ਤਾਂ ਹੁਣ ਸਾਨੂੰ ਇਸ ਨੁਕਤੇ ਤੋਂ ਅਣਜਾਣ ਨਹੀਂ ਰਹਿਣਾ ਚਾਹੀਦਾ।

------------------------------------------------------------

ਇੰਟਰੋ: ਸੌਣ ਦੇ ਮਹੀਨੇ ਦਾ ਅੱਜ ਪਹਿਲਾ ਸੋਮਵਾਰ ਏ। ਇਸ ਮੌਕੇ ਦੇਸ਼ ਭਰ ਦੇ ਸ਼ਿਵ ਮੰਦਰਾਂ ਵਿਚ ਜਲਾਭਿਸ਼ੇਕ ਲਈ ਸਵੇਰ ਤੋਂ ਹੀ ਲੰਬੀਆਂ ਕਤਾਰਾਂ ਲੱਗੀਆਂ ਰਹੀਆਂ। ਅੱਜ ਤੋਂ ਹੀ ਸਾਲਾਨਾ ਕਾਂਵੜ ਯਾਤਰਾ ਵੀ ਸ਼ੁਰੂ ਹੋ ਗਈ ਏ। ਇਸ ਯਾਤਰਾ ਦੌਰਾਨ ਵੱਡੀ ਗਿਣਤੀ ਵਿਚ ਸ਼ਰਧਾਲੂ ਪਵਿੱਤਰ ਗੰਗਾ ਜਲ ਇਕੱਠਾ ਕਰਨ ਲਈ ਹਰਿਦੁਆਰ, ਗੋਮੁਖ ਅਤੇ ਗੰਗੋਤਰੀ ਜਾਂਦੇ ਨੇ।

***ਹੋਰ ਵੇਰਵਾ ਇਸ ਰਿਪੋਰਟ ਵਿਚ -- ਡਿਸਪੈਚ: ਸੌਣ ਮਹੀਨੇ ਦੇ ਅੱਜ ਪਹਿਲੇ ਸੋਮਵਾਰ ਤੇ ਜਲੰਧਰ ਦੇ ਪ੍ਰਸਿੱਧ ਸ਼ਕਤੀ ਪੀਠ ਸ਼੍ਰੀ ਦੇਵੀ ਤਾਲਾਬ ਮੰਦਿਰ ਦੇ ਸ਼ਿਵ ਮੰਦਿਰ ਸਮੇਤ ਪੰਜਾਬ ਭਰ ਦੇ ਸ਼ਿਵ ਮੰਦਰਾਂ ਵਿਚ ਸ਼ਰਧਾਲੂਆਂ ਦੀਆਂ ਕਤਾਰਾਂ ਲੱਗੀਆਂ ਹੋਇਆਂ ਨੇ। ਵੱਖ ਵੱਖ ਮੰਦਰਾਂ ਵਿਚ ਤੜਕਸਾਰ ਤੋਂ ਹੀ ਵੱਡੀ ਗਿਣਤੀ ਵਿਚ ਸ਼ਰਧਾਲੂ ਪਹੁੰਚ ਰਹੇ ਨੇ। ਇਹ ਸ਼ਰਧਾਲੂ ਮੰਦਰਾਂ ਵਿਚ ਭਗਵਾਨ ਸ਼ਿਵ ਭੋਲੇ ਦੀ ਪੂਰੀ ਸ਼ਰਧਾ ਤੇ ਵਿਧੀ ਵਿਧਾਨ ਨਾਲ ਪੂਜਾ ਅਰਚਨਾ ਕਰ ਰਹੇ ਨੇ। ਮੰਦਰਾਂ ਵਿਚ ਸ਼ਿਵਲਿੰਗ ਦਾ ਜਲਾਭਿਸ਼ੇਕ ਕੀਤਾ ਜਾ ਰਿਹਾ ਏ***

*ਅਤੇ ਬਿਲਵਪਤਰ, ਧਤੂਰਾ, ਭੰਗ, ਦੁੱਧ, ਫਲ, ਫੁੱਲ, ਸ਼ਹਿਦ ਅਤੇ ਚੰਦਨ ਸ਼ਰਧਾ ਨਾਲ ਚੜ੍ਹਾਏ ਜਾ ਰਹੇ ਨੇ। ਭੋਲੇ ਨਾਥ ਦੇ ਪੈਰੋਕਾਰ ਜੰਗਮ ਬਾਬਾ ਅਰੁਣ ਦਾ ਕਹਿਣਾ ਏ ਕਿ ਸੌਣ ਦੇ ਮਹੀਨੇ ਦੌਰਾਨ ਭਗਵਾਨ ਸ਼ਿਵ ਭੋਲੇ ਨਾਥ ਦੀ ਪੂਜਾ ਦਾ ਖਾਸ ਮਹੱਤਵ ਏ।*

*Byte*

*ਮੰਦਰਾਂ ਵਿਚ ਸ਼ਿਵ ਭੋਲੇ ਦੀ ਮਹਿਮਾ ਦਾ ਗੁਣਗਾਣ ਵੀ ਲਗਾਤਾਰ ਚੱਲ ਰਿਹਾ ਏ ਅਤੇ ਮੰਦਰ ਸ਼ਿਵ ਭੋਲੇ ਦੇ ਜੈਕਾਰਿਆਂ ਨਾਲ ਗੂੰਜ ਰਹੇ ਨੇ। ਮੰਦਰਾਂ ਨੂੰ ਰੰਗ ਬਿਰੰਗੇ ਫੁੱਲਾਂ ਨਾਲ ਸ਼ਾਨਦਾਰ ਢੰਗ ਨਾਲ ਸਜਾਇਆ ਵੀ ਗਿਆ ਏ। ਕਈ ਲੋਕ ਸੌਣ ਮਹੀਨੇ ਦੇ ਸੋਮਵਾਰ ਦੇ ਵਰਤ ਵੀ ਰੱਖਦੇ ਨੇ। ਇਸ ਦੌਰਾਨ ਸੌਣ ਦੇ ਇਸ ਪਹਿਲੇ ਸੋਮਵਾਰ ਦੀ ਸਵੇਰ ਜਲੰਧਰ ਸਮੇਤ ਆਲੇ ਦੁਆਲੇ ਦੇ ਇਲਾਕਿਆਂ ਵਿਚ ਕੁਝ ਸਮੇਂ ਲਈ ਤੇਜ ਮੀਂਹ ਦੀਆਂ ਬੌਛਾਰਾਂ ਪਈਆਂ। ਉਸ ਵੇਲੇ ਬਣੀਆਂ ਕਾਲੀਆਂ ਘਟਾਵਾਂ ਵੇਖ ਕੇ ਜਾਪਦਾ ਸੀ ਕਿ ਮੀਂਹ ਖੂਬ ਪਵੇਗਾ ਪਰ*

***ਵਗਦੀਆਂ ਹਵਾਵਾਂ ਛੇਤੀ ਹੀ ਬਦਲਾਂ ਨੂੰ ਉੜਾ ਕੇ ਲੈ ਗਈਆਂ।***

***ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ SKS***

---------------------------------------------------

ਨਰਮੇ ਦੀ ਫ਼ਸਲ ਕਾਮਯਾਬ ਕਰਨ ਲਈ ਜ਼ਿਲਾ ਸ਼੍ਰੀ ਮੁਕਤਸਰ ਸਾਹਿਬ ਵਿਖੇ 27 ਪੈਸਟ ਸਰਵੇਲੈਂਸ ਟੀਮਾਂ ਦਾ ਗਠਨ ਕੀਤਾ ਗਿਆ ਏ। ਇਹ ਟੀਮਾਂ ਹਰ ਸੋਮਵਾਰ ਅਤੇ ਵੀਰਵਾਰ ਸਵੇਰੇ 8 ਤੋਂ 10 ਵਜੇ ਤਕ ਫ਼ਸਲ ਦਾ ਸਰਵੇਖਣ ਕਰ ਰਹੀਆਂ ਨੇ ਅਤੇ ਇਸ ਸਰਵੇਖਣ ਦੇ ਅਧਾਰ ਤੇ ਕਿਸਾਨਾਂ ਨੂੰ ਕੀਟਨਾਸ਼ਕ ਦਵਾਈਆਂ ਦੀ ਸਿਫਾਰਿਸ਼ ਕੀਤੀ ਜਾਂਦੀ ਏ। ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਗੁਰਨਾਮ ਸਿੰਘ ਨੇ ਪਿੰਡ ਉਦੇਕਰਨ ਵਿਖੇ ਨਰਮੇ ਵਾਲੇ ਖੇਤਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਰਮੇ ਦੀ ਫ਼ਸਲ ਤੇ ਚਿੱਟੀ ਮੱਖੀ ਦਾ ਸਰਵੇਖਣ ਰੋਜ਼ਾਨਾ ਸਵੇਰੇ 8 ਤੋਂ 10 ਵਜੇ ਤੱਕ ਕਰਨ। ਉਨਾਂ ਦੱਸਿਆ ਕਿ ਪੀ.ਏ.ਯੂ ਲੁਧਿਆਣਾ ਦੀਆਂ ਸਿਫਾਰਸ਼ਾਂ ਅਨੁਸਾਰ ਜੇਕਰ ਚਿੱਟੀ ਮੱਖੀ ਦੇ ਬਾਲਗਾਂ ਦੀ ਗਿਣਤੀ 6 ਪ੍ਰਤੀ ਪੱਤਾ ਤੋਂ ਵੱਧ ਹੋ ਜਾਵੇ ਤਾ ਸਪਰੇ ਦੀ ਜਰੂਰਤ ਏ।

---

ਸਨ 1984 ਵਿਚ ਕਾਨਪੁਰ ਵਿਖੇ ਸਿੱਖ ਨਸਲਕੁਸ਼ੀ ਮਾਮਲੇ ਵਿਚ ਸੁਪਰੀਮ ਕੋਰਟ ਵੱਲੋਂ ਉੱਤਰ ਪ੍ਰਦੇਸ਼ ਸਰਕਾਰ ਨੂੰ ਮੁਕੱਦਮਿਆਂ ਨੂੰ ਛੇਤੀ ਤੇ ਸੁਚਾਰੂ ਢੰਗ ਨਾਲ ਚਲਾਉਣ ਦੀਆਂ ਹਦਾਇਤਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਵਾਗਤ ਕੀਤਾ ਏ। ਜ਼ਿਕਰਯੋਗ ਏ ਕਿ ਕਾਨਪੁਰ ਸਿੱਖ ਕਤਲੇਆਮ ਦੇ ਮਾਮਲੇ ਸਬੰਧੀ ਜਨਹਿੱਤ ਪਟੀਸ਼ਨ ਜਥੇਦਾਰ ਕੁਲਦੀਪ ਸਿੰਘ ਭੋਗਲ ਵੱਲੋਂ 2017 ਵਿਚ ਦਾਖ਼ਲ ਕੀਤੀ ਗਈ ਸੀ, ਜਿਸ ਦੀ ਗੰਭੀਰਤਾ ਨੂੰ ਦੇਖਦਿਆਂ ਸ਼੍ਰੋਮਣੀ ਕਮੇਟੀ ਇਸ ਵਿਚ ਕਾਨੂੰਨੀ ਸਹਿਯੋਗ ਕਰ ਰਹੀ ਏ। ਸ਼੍ਰੋਮਣੀ ਕਮੇਟ ਵੱਲੋਂ ਇਨ੍ਹਾਂ ਕੇਸਾਂ ਦੀ ਪੈਰਵਾਈ ਲਈ ਸੀਨੀਅਰ ਵਕੀਲ ਪਰਸੂਨ ਕੁਮਾਰ ਅਤੇ ਗੁਰਬਖ਼ਸ ਸਿੰਘ ਦੀਆਂ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ ਨੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਅੰਮ੍ਰਿਤਸਰ ਵਿਚ ਦੱਸਿਆ ਕਿ 1984 ਵਿਚ ਕਾਨਪੁਰ ਵਿਖੇ ਸਿੱਖਾਂ ਦੇ ਹੋਏ ਕਤਲੇਆਮ ਦੇ ਮਾਮਲੇ ਵਿਚ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਸਿੱਖ ਸੰਸਥਾ ਨਿਰੰਤਰ ਜਤਨ ਕਰ ਰਹੀ ਏ। ਉਨ੍ਹਾਂ ਕਿਹਾ ਕਿ ਅੱਜ ਅਦਾਲਤ ਨੇ ਉੱਤਰ ਪ੍ਰਦੇਸ਼

ਸਰਕਾਰ ਨੂੰ ਜਿਨ੍ਹਾਂ 11 ਮਾਮਲਿਆਂ ਵਿਚ ਚਾਰਜਸ਼ੀਟ ਦਾਖ਼ਲ ਹੋਈ ਏ, ਉਨ੍ਹਾਂ ਵਿਚ 2 ਵਿਸ਼ੇਸ਼ ਸਰਕਾਰੀ ਵਕੀਲ ਨਿਯੁਕਤ ਕਰਨ ਦੇ ਹੁਕਮ ਦਿੱਤੇ ਨੇ।

---------------------------------------------------------------

ਪੰਜਾਬ ਦੇ ਜ਼ਿਆਦਾਤਰ ਜ਼ਿਲਿਆਂ ਵਿਚ ਮਾਨਸੂਨ ਦੀ ਬਾਰਿਸ਼ ਖੁਲ ਕੇ ਨਾ ਹੋਣ ਕਾਰਣ ਹੁੰਮਸ ਭਰੀ ਗਰਮੀ ਦਾ ਦੌਰ ਲਗਾਤਾਰ ਜਾਰੀ ਏ। ਮੌਸਮ ਵਿਭਾਗ ਨੇ ਆਉਂਦੇ ਦਿਨਾਂ ਵਿਚ ਵੀ ਜ਼ਿਆਦਾਤਰ ਇਲਾਕਿਆਂ ਵਿਚ ਮੌਸਮ ਦੇ ਸਾਫ ਰਹਿਣ ਦੀ ਹੀ ਸੰਭਾਵਨਾ ਦੱਸੀ ਏ . ਅੱਜ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂਸ਼ਹਿਰ, ਅਤੇ ਰੂਪਨਗਰ ਜ਼ਿਲਿਆਂ ਵਿਚ ਮੀਂਹ ਪੈਣ, ਬਿਜਲੀ ਚਮਕਣ ਅਤੇ ਤੇਜ਼ ਹਵਾਵਾਂ ਵਗਣ ਦੀ ਚੇਤਾਵਨੀ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ ਜਦਕਿ ਭਲਕੇ ਪਠਾਨਕੋਟ ਤੇ ਹੁਸ਼ਿਆਰਪੁਰ ਵਿਚ ਭਾਰੀ ਤੋਂ ਬਹੁਤ ਭਾਰੀ ਮੀਂਹ, ਬਿਜਲੀ ਚਮਕਣ ਅਤੇ ਤੇਜ਼ ਹਵਾਵਾਂ ਵਗਣ ਦੀ ਚੇਤਾਵਨੀ ਸੰਬੰਧੀ ਓਰੇਂਜ ਅਤੇ ਬਠਿੰਡਾ, ਮਾਨਸਾ, ਰੂਪਨਗਰ ਤੇ ਐਸ ਏ ਐਸ ਨਗਰ ਜ਼ਿਲਿਆਂ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ।

---

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਸੰਸਦ ਦੇ ਅੱਜ ਸ਼ੁਰੂ ਹੋਏ ਬਜਟ ਇਜਲਾਸ ਵਿਚ ਖਜ਼ਾਨਾ ਮੰਤਰੀ ਵਲੋਂ ਪੇਸ਼ ਆਰਥਿਕ ਸਰਵੇਖਣ ਵਿਚ ਮਾਲੀ ਵਰ੍ਹੇ 2024-25 ਦੌਰਾਨ 6 ਇਸ਼ਾਰਿਆ 5 ਤੋਂ 7 ਫੀਸਦੀ ਦੀ ਅਸਲ ਜੀ ਡੀ ਪੀ ਵਿਕਾਸ ਦਰ ਦਾ ਅਨੁਮਾਨ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਲਕੇ ਪੇਸ਼ ਹੋਣ ਵਾਲਾ ਕੇਂਦਰੀ ਬਜਟ ਅਗਲੇ ਪੰਜ ਸਾਲਾਂ ਦੇ ਸਫ਼ਰ ਦੀ ਦਿਸ਼ਾ ਤੈਅ ਕਰੇਗਾ ਅਤੇ 2047 ਵਿੱਚ ਵਿਕਸਿਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ ਦੀ ਨੀਂਹ ਰੱਖੇਗਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 16ਵੇਂ ਵਿੱਤ ਕਮਿਸ਼ਨ ਦੀ ਟੀਮ ਤੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਏ।
- ਸੌਣ ਮਹੀਨੇ ਦੇ ਅੱਜ ਪਹਿਲੇ ਸੋਮਵਾਰ ਮੌਕੇ ਦੇਸ਼ ਭਰ ਦੇ ਸ਼ਿਵ ਮੰਦਰਾਂ ਵਿਚ ਜਲਾਭਿਸ਼ੇਕ ਲਈ ਸਵੇਰ ਤੋਂ ਹੀ ਲੱਗੀਆਂ ਨੇ ਕਤਾਰਾਂ।